# ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਡੇਰਾ ਸੰਤ ਭੂਰੀ ਵਾਲਿਆਂ ਵਿਖੇ ਸਾਲਾਨਾ ਗੁਰਮਤਿ ਸਮਾਗਮਾਂ 'ਚ ਕੀਤੀ ਸ਼ਮੂਲੀਅਤ

## ਕਿਹਾ, ਗੁਰਦੁਆਰਾ ਬਾਲ ਲੀਲ੍ਹਾ ਪਟਨਾ ਸਾਹਿਬ ਵਿਖੇ ਸੰਤ ਭੂਰੀ ਵਾਲਿਆਂ ਵਲੋਂ ਸੰਗਤਾਂ ਦੀ ਰਿਹਾਇਸ਼ ਦੇ ਕੀਤੇ ਪ੍ਰਬੰਧ ਸ਼ਲਾਘਾਯੋਗ

ਅੰਮ੍ਰਿਤਸਰ, 28 ਅਕਤੂਬਰ (ਜਸਵੰਤ ਸਿੰਘ ਜੱਸ)-ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਅੱਜ ਸਥਾਨਕ ਤਰਨ ਤਰਨ ਰੋਡ 'ਤੇ ਸਥਿਤ ਡੇਰਾ ਕਾਰ ਸੇਵਾ ਸੰਤ ਭੂਰੀ ਵਾਲੇ ਨਿਰਮਲੇ ਤਪੋਬਨ ਵਿਖੇ ਮਹਾਂਪੁਰਸ਼ਾਂ ਦੀ ਯਾਦ ਨੂੰ ਸਮਰਪਿਤ ਚੱਲ ਰਹੇ ਸਾਲਾਨਾ ਗੁਰਮਤਿ ਸਮਾਗਮਾਂ ਵਿਚ ਸ਼ਿਰਕਤ ਕੀਤੀ। ਉਨ੍ਹਾਂ ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲਿਆਂ ਨਾਲ ਵੀ ਲੰਮੀ ਗੱਲਬਾਤ ਕੀਤੀ। ਇਸ ਦੌਰਾਨ ਸੰਤ ਬਾਬਾ ਜੈਮਲ ਸਿੰਘ, ਸੰਤ ਬਾਬਾ ਗੁਰਦਿਆਲ ਸਿੰਘ ਅਤੇ ਸੰਤ ਬਾਬਾ ਨਾਮ ਦਾਨ ਸਿੰਘ ਵਲੋਂ ਜੀਵਨ ਭਰ ਕੀਤੀਆਂ ਗਈਆਂ ਸ਼ਾਨਦਾਰ ਪੰਥਕ ਸੇਵਾਵਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਨੂੰ ਯਾਦ ਕੀਤਾ ਗਿਆ। ਜਥੇਦਾਰ ਗੜਗੱਜ ਨੇ ਸੰਤ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਵਲੋਂ ਵੱਖ-ਵੱਖ ਇਤਹਾਸਕ ਗੁਰਧਾਮਾਂ ਵਿਚ ਕੀਤੇ ਜਾ ਰਹੇ ਸੇਵਾ ਕਾਰਜਾਂ, ਸ੍ਰੀ ਹਰਿਮੰਦਰ ਸਾਹਿਬ ਨੂੰ ਜਾਣ ਵਾਲੇ ਰਸਤਿਆਂ ਦੀ ਸਫ਼ਾਈ ਅਤੇ ਵਾਤਾਵਰਨ ਦੀ ਸੰਭਾਲ ਲਈ ਕੀਤੇ ਜਾ ਰਹੇ ਯਤਨਾਂ ਨੂੰ ਵੀ ਸਰਾਹਿਆ। ਉਨ੍ਹਾਂ ਗੁਰਦੁਆਰਾ ਬਾਲ ਲੀਲ੍ਹਾ ਮੈਣੀ ਸੰਗਤ ਪਟਨਾ ਸਾਹਿਬ ਵਿਖੇ ਸੰਤ ਭੂਰੀ ਵਾਲਿਆਂ ਵਲੋਂ ਬਣਾਈਆਂ ਸਰਾਵਾਂ ਦਾ ਉਚੇਚੇ ਤੌਰ 'ਤੇ ਜ਼ਿਕਰ ਕਰਦਿਆਂ ਪ੍ਰਬੰਧਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਆਪਣੇ ਪੁਰਖਿਆਂ ਦੀ ਯਾਦ ਨੂੰ ਸਮਰਪਿਤ ਗੁਰਮਤਿ ਸਮਾਗਮ ਮਨਾਉਣੇ ਸ਼ਲਾਘਾਯੋਗ ਕਾਰਜ ਹਨ। ਉਨ੍ਹਾਂ ਕਈ ਪੰਥਕ ਮੁੱਦਿਆਂ 'ਤੇ ਵੀ ਵਿਚਾਰ ਚਰਚਾ ਕੀਤੀ। ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲਿਆਂ ਨੇ ਜਥੇਦਾਰ ਗੜਗੱਜ ਨੂੰ ਸਿਰੋਪਾਓ ਭੇਟ ਕਰ ਕੇ ਸਨਮਾਨਿਤ ਕੀਤਾ ਗਿਆ। ਅੱਜ ਦੇ ਗੁਰਮਤਿ ਸਮਾਗਮਾਂ ਵਿਚ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਪ੍ਰੀਤ ਸਿੰਘ ਤੋਂ ਇਲਾਵਾ ਭਾਈ ਰਣਜੀਤ ਸਿੰਘ ਬੁੰਗਾ ਸੁੰਦਰ ਸਿੰਘ, ਭਾਈ ਮਨਪ੍ਰੀਤ ਸਿੰਘ ਤੇ ਭਾਈ ਹਰਜੋਤ ਸਿੰਘ ਦੇ ਰਾਗੀ ਜਥਿਆਂ ਨੇ ਇਲਾਹੀ ਬਾਣੀ ਦੇ ਕੀਰਤਨ ਅਤੇ ਸ਼੍ਰੋਮਣੀ ਕਮੇਟੀ ਦੇ ਹੈੱਡ ਪ੍ਰਚਾਰਕ ਗਿਆਨੀ ਜਗਦੇਵ ਸਿੰਘ, ਭਾਈ ਗੁਰਵਿੰਦਰ ਸਿੰਘ ਗੰਗਾ ਨਗਰ, ਮਹੰਤ ਅਮਰੀਕ ਸਿੰਘ ਵੇਦ, ਗਿਆਨੀ ਗੁਰਸ਼ਰਨਜੀਤ ਸਿੰਘ, ਗਿਆਨੀ ਜ਼ੈਲ ਸਿੰਘ ਸ਼ਾਸਤਰੀ ਅਤੇ ਮਹੰਤ ਸ਼ਾਮ ਸੁੰਦਰ ਸਿੰਘ ਨੇ ਕਥਾ ਵਖਿਆਨਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਮੰਚ ਦਾ ਸੰਚਾਲਨ ਗਿਆਨੀ ਖ਼ਜ਼ਾਨ ਸਿੰਘ ਨੇ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਬਾਵਾ ਸਿੰਘ ਗੁਮਾਨਪੁਰਾ, ਧਰਮ ਪ੍ਰਚਾਰ ਕਮੇਟੀ ਮੈਂਬਰ ਅਜਾਇਬ ਸਿੰਘ ਅਭਿਆਸੀ, ਉਦਾਸੀਨ ਵੱਡਾ ਅਖਾੜਾ ਹਰਿਦੁਆਰ ਦੇ ਮੁਖੀਆ ਮਹੰਤ ਸ੍ਰੀ ਰਾਮ ਨੌਵੀਂ ਦਾਸ, ਮਹੰਤ ਸ੍ਰੀ ਮਹੇਸ਼ ਮੁਨੀ, ਪਟਨਾ ਸਾਹਿਬ ਪ੍ਰਬੰਧਕੀ ਬੋਰਡ ਦੇ ਜਨਰਲ ਸਕੱਤਰ ਇੰਦਰਜੀਤ ਸਿੰਘ, ਮਹੰਤ ਗੁਰਚਰਨ ਸਿੰਘ ਬੱਡੋਂ, ਮਹੰਤ ਭੁਪਿੰਦਰ ਸਿੰਘ ਡੇਰਾ ਮਿਸ਼ਰਾ ਸਿੰਘ, ਸੰਤ ਹਰਦੇਵ ਸਿੰਘ ਰਾਜਸਥਾਨੀ, ਮਹੰਤ ਜਗਤਾਰ ਸਿੰਘ ਸੈਕਟਰੀ, ਮੰਡਲੇਸ਼ਵਰ ਮਹੰਤ ਮਹਿੰਦਰ ਗਿਰੀ, ਅਵਤਾਰ ਸਿੰਘ ਸ਼ਾਸਤਰੀ, ਮਹੰਤ ਕਰਮਜੀਤ ਸਿੰਘ ਬਾਘਾ ਪੁਰਾਣਾ, ਐਡਵੋਕੇਟ ਮਨਜੀਤ ਸਿੰਘ ਛੀਨਾ, ਬਾਬਾ ਗੁਰਵਿੰਦਰ ਸਿੰਘ ਪਟਨਾ ਸਾਹਿਬ, ਰਣਬੀਰ ਸਿੰਘ ਲਾਂਬਾ, ਰਾਮ ਸਿੰਘ ਭਿੰਡਰ, ਪ੍ਰੋ. ਸਰਦਾਰਾ ਸਿੰਘ, ਨਵਤੇਜ ਸਿੰਘ, ਹਰਮਨਪ੍ਰੀਤ ਸਿੰਘ ਹੁੰਦਲ, ਅਮਰਜੀਤ ਸਿੰਘ ਸ਼ਬਦ ਚੌਕੀ ਸਾਹਿਬ, ਮਨਵੀਰ ਸਿੰਘ ਚੌਹਾਨ, ਮਾਲਕ ਸਿੰਘ ਸੰਧੂ, ਹਰਭਜਨ ਸਿੰਘ ਸਿੱਧੂ, ਸੁਖਰਾਜ ਸਿੰਘ ਸੰਧੂ, ਗੁਰਿੰਦਰ ਸਿੰਘ ਗੋਨੀ, ਗੁਰਮੀਤ ਸਿੰਘ, ਜਸਬੀਰ ਸਿੰਘ, ਮਹਿੰਦਰ ਸਿੰਘ, ਬਲਵੰਤ ਸਿੰਘ, ਸਾਬਕਾ ਡੀਐਸਪੀ ਲਖਵਿੰਦਰ ਸਿੰਘ, ਗੁਰਸ਼ਰਨ ਸਿੰਘ ਛੀਨਾ, ਸੁੱਖ ਗਵਾਲੀਅਰ, ਬਾਬਾ ਸੋਹਨ ਸਿੰਘ, ਬਾਬਾ ਗੁਰਨਾਮ ਸਿੰਘ, ਬਾਬਾ ਅਵਤਾਰ ਸਿੰਘ ਬਾਬਾ ਨਾਜਰ ਸਿੰਘ, ਬਾਬਾ ਕੁਲਵਿੰਦਰ ਸਿੰਘ, ਬਾਬਾ ਹਰੀ ਸਿੰਘ, ਬਾਬਾ ਕਰਨ ਸਿੰਘ, ਬਾਬਾ ਜੁਗਰਾਜ ਸਿੰਘ, ਬਾਬਾ ਜਸਬੀਰ ਸਿੰਘ ਜੰਮੂ, ਬਾਬਾ ਜਗਜੀਤ ਸਿੰਘ, ਬਾਬਾ ਰਤਨ ਸਿੰਘ, ਬਾਬਾ ਲਸ਼ਕਰ ਸਿੰਘ, ਬਾਬਾ ਬਲਵੰਤ ਸਿੰਘ, ਬਾਬਾ ਮਨਜੀਤ ਸਿੰਘ ਝਬਾਲ, ਗਿਆਨੀ ਪ੍ਰਿਤਪਾਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

ਡੇਰਾ ਕਾਰ ਸੇਵਾ ਸੰਤ ਭੂਰੀ ਵਾਲੇ ਨਿਰਮਲੇ ਤਪੋਬਨ ਤਰਨ ਤਾਰਨ ਰੋਡ ਵਿਖੇ ਚੱਲ ਰਹੇ ਸਲਾਨਾ ਗੁਰਮਤਿ ਸਮਾਗਮਾਂ ਵਿਚ ਸ਼ਿਰਕਤ ਕਰਨ ਪੁੱਜੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸਨਮਾਨਤ ਕਰਦੇ ਹੋਏ ਸੰਤ ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ। ਨਾਲ ਹੋਰ ਮਹਾਂਪੁਰਸ਼। ਤਸਵੀਰ : ਨਿਰਮਲ ਸਟੂਡੀਓ

ਮਜੀਠਾ ਰੋਡ ਦੇ ਵਿਕਾਸ ਕਾਰਜ ਦਾ ਉਦਘਾਟਨ ਕਰਦੇ ਹੋਏ ਕਰਮਜੀਤ ਸਿੰਘ ਰਿੰਟੂ ਤੇ ਹੋਰ। ਤਸਵੀਰ : ਨਿਰਮਲ ਸਟੂਡੀਓ

# ਚੇਅਰਮੈਨ ਕਰਮਜੀਤ ਸਿੰਘ ਰਿੰਟੂ ਵਲੋਂ ਮਜੀਠਾ ਰੋਡ ਦੇ ਵਿਕਾਸ ਕਾਰਜਾਂ ਦਾ ਉਦਘਾਟਨ

ਅੰਮ੍ਰਿਤਸਰ, 28 ਅਕਤੂਬਰ (ਸੁਰਿੰਦਰਪਾਲ ਸਿੰਘ ਵਰਪਾਲ)- ਨਗਰ ਸੁਧਾਰ ਟਰੱਸਟ ਅੰਮ੍ਰਿਤਸਰ ਦੇ ਚੇਅਰਮੈਨ ਅਤੇ ਉੱਤਰੀ ਵਿਧਾਨ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਇੰਚਾਰਜ ਕਰਮਜੀਤ ਸਿੰਘ ਰਿੰਟੂ ਵਲੋਂ ਅੱਜ ਸ਼ਹਿਰ ਦੀ ਪ੍ਰਮੁੱਖ ਸੜਕ ਮਜੀਠਾ ਰੋਡ ਦੇ ਨਿਰਮਾਣ ਕਾਰਜ ਦਾ ਉਦਘਾਟਨ ਕੀਤਾ। ਇਸ ਮੌਕੇ ਕਰਮਜੀਤ ਸਿੰਘ ਰਿੰਟੂ ਨੇ ਕਿਹਾ ਕਿ ਮਜੀਠਾ ਰੋਡ ਅੰਮ੍ਰਿਤਸਰ ਸ਼ਹਿਰ ਦੀਆਂ ਮੁੱਖ ਸੜਕਾਂ 'ਚੋਂ ਇਕ ਹੈ, ਜਿਸ ਨਾਲ ਸ਼ਹਿਰ ਵਾਸੀਆਂ ਅਤੇ ਬਾਹਰੋਂ ਆਉਣ ਵਾਲੇ ਲੋਕਾਂ ਨੂੰ ਵੱਡੀ ਸੁਵਿਧਾ ਮਿਲੇਗੀ। ਇਸ ਨਾਲ ਵਪਾਰੀਆਂ ਨੂੰ ਵੀ ਵੱਡਾ ਲਾਭ ਹੋਵੇਗਾ। ਉਨ੍ਹਾਂ ਕਿਹਾ ਕਿ ਨਗਰ ਸੁਧਾਰ ਟਰੱਸਟ ਵਲੋਂ ਵਿਕਾਸ ਕਾਰਜਾਂ 'ਚ ਕੋਈ ਘਾਟ ਨਹੀਂ ਆਉਣ ਦਿੱਤੀ ਜਾ ਰਹੀ ਹੈ ਅਤੇ ਟਰੱਸਟ ਦੀਆਂ ਵੱਖ-ਵੱਖ ਸਕੀਮਾਂ 'ਚ ਬਾਕੀ ਰਹਿ ਗਏ ਕਾਰਜਾਂ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ, ਜਿਸ ਦੇ ਤਹਿਤ ਸਾਰੇ ਵਿਕਾਸ ਕਾਰਜ ਜਲਦ ਹੀ ਸ਼ੁਰੂ ਹੋਣਗੇ। ਉਨ੍ਹਾਂ ਦੱਸਿਆ ਕਿ ਉੱਤਰੀ ਵਿਧਾਨ ਸਭਾ ਹਲਕੇ ਦੇ ਵਿਕਾਸ ਲਈ 5 ਕਰੋੜ ਰੁਪਏ ਦੀ ਮਨਜ਼ੂਰੀ ਪਹਿਲਾਂ ਹੀ ਮਿਲ ਚੁੱਕੀ ਹੈ, ਜਿਸ ਨਾਲ ਵਿਕਾਸ ਕਾਰਜ ਸ਼ੁਰੂ ਕਰਵਾ ਦਿੱਤੇ ਗਏ ਹਨ।

ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਲਈ ਪੰਜਾਬ ਸਰਕਾਰ ਵਲੋਂ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾ ਰਹੀ। ਇਸ ਮੌਕੇ ਸੀਨੀਅਰ ਡਿਪਟੀ ਮੇਅਰ ਪ੍ਰਿਯੰਕਾ ਸ਼ਰਮਾ, ਰਿਤੇਸ਼ ਸ਼ਰਮਾ, ਵਿਸਾਖਾ ਸਿੰਘ, ਬਲਵਿੰਦਰ ਸਿੰਘ ਕਾਲਾ, ਸਾਹਿਲ ਸਾਗਰ, ਅਜੈ ਗਿੱਲ, ਰਾਹਿਲ ਖੰਨਾ, ਅੰਕੁਰ ਗੁਪਤਾ, ਸਵਿੰਦਰ ਸਿੰਦੀ, ਹੈਪੀ ਸਰਪੰਚ, ਰਣਜੀਤ ਸਿੰਘ ਰਾਣਾ, ਨਵਦੀਪ ਸਿੰਘ, ਪ੍ਰਿਯੰਕਾ ਅਗਰਵਾਲ, ਸ਼ੈਲਾ, ਕੁਲਵਿੰਦਰ ਸਿੰਘ ਕਿੰਦੀ, ਭਗਵੰਤ ਸਿੰਘ, ਬੁੱਧ ਸਿੰਘ ਆਦਿ ਹਾਜ਼ਰ ਸਨ।

REQUIRED
Marketing Executives
(MBA/MCA/M.Com)
With experience
at
Akash
(T. Point)
Tarn Taran
Salary Negotiable
Mob: 79865-02870

# ਗਾਜ਼ਾ 'ਚ 20 ਹਜ਼ਾਰ ਫੌਜ ਤਾਇਨਾਤ ਕਰੇਗਾ ਪਾਕਿ

### ਇਜ਼ਰਾਈਲੀ ਮੋਸਾਦ ਨੂੰ ਪਹਿਲੀ ਵਾਰ ਮਿਲੇ ਅਸੀਮ ਮੁਨੀਰ

ਅੰਮ੍ਰਿਤਸਰ, 28 ਅਕਤੂਬਰ (ਸੁਰਿੰਦਰ ਕੋਛੜ)-ਪਾਕਿਸਤਾਨ ਜਲਦੀ ਹੀ ਗਾਜ਼ਾ ਪੱਟੀ 'ਚ ਘੱਟੋ-ਘੱਟ 20,000 ਫੌਜ ਤਾਇਨਾਤ ਕਰੇਗਾ। ਇਹ ਸਭ ਪੱਛਮੀ ਨਿਗਰਾਨੀ ਹੇਠ ਗਾਜ਼ਾ ਸਥਿਰਤਾ ਅਤੇ ਮੁੜ ਵਸੇਬਾ ਪਹਿਲ (ਜੀ. ਐੱਸ. ਆਰ. ਆਈ.) ਪ੍ਰੋਗਰਾਮ ਦੇ ਹਿੱਸੇ ਵਜੋਂ ਸ਼ੁਰੂ ਕੀਤਾ ਜਾ ਰਿਹਾ ਹੈ। ਪਾਕਿ ਦੇ ਇਸ ਫੈਸਲੇ ਨੇ ਦੇਸ਼ ਦੇ ਅੰਦਰ ਵਿਵਾਦ ਪੈਦਾ ਕਰ ਦਿੱਤਾ ਹੈ। ਕਈ ਸਾਬਕਾ ਪਾਕਿਸਤਾਨੀ ਡਿਪਲੋਮੈਟਾਂ ਅਤੇ ਮਾਹਿਰਾਂ ਨੇ ਇਸ ਫੈਸਲੇ ਦਾ ਸਖ਼ਤ ਵਿਰੋਧ ਕੀਤਾ ਹੈ ਅਤੇ ਪਾਕਿਸਤਾਨ ਫੌਜ ਦੇ ਫੈਸਲੇ ਦੀ ਆਲੋਚਨਾ ਕੀਤੀ ਹੈ। ਇਸ ਦੌਰਾਨ ਪਾਕਿ ਦੇ ਫੌਜ ਮੁਖੀ ਅਸੀਮ ਮੁਨੀਰ ਨੇ ਜਾਰਡਨ ਦੇ ਰਾਜਾ ਅਬਦੁੱਲਾ ਅਤੇ ਜੁਆਇੰਟ ਚੀਫ਼ਸ ਆਫ਼ ਸਟਾਫ ਦੇ ਚੇਅਰਮੈਨ ਮੇਜਰ ਜਨਰਲ ਯੂਸ਼ਫ਼ ਹੁਨੇਤੀ ਨਾਲ ਮਹੱਤਵਪੂਰਨ ਗੱਲਬਾਤ ਕੀਤੀ। ਅੱਮਾਨ 'ਚ ਹੋਈ ਮੀਟਿੰਗ ਦੌਰਾਨ ਅਧਿਕਾਰੀਆਂ ਨੇ ਸੰਬੰਧਤ ਖੇਤਰੀ ਵਿਕਾਸ 'ਤੇ ਵੀ ਚਰਚਾ ਕੀਤੀ। ਪ੍ਰਾਪਤ ਜਾਣਕਾਰੀ ਅਨੁਸਾਰ ਪਾਕਿਸਤਾਨੀ ਫੌਜਾਂ ਦੀ ਤਾਇਨਾਤੀ ਇਸ ਮਹੀਨੇ ਦੇ ਸ਼ੁਰੂ 'ਚ ਮਿਸਰ ਵਿਚ ਪਾਕਿਸਤਾਨੀ ਫੌਜ ਮੁਖੀ ਜਨਰਲ ਅਸੀਮ ਮੁਨੀਰ ਅਤੇ ਇਜ਼ਰਾਈਲੀ ਖੁਫੀਆ ਏਜੰਸੀ ਮੋਸਾਦ ਅਤੇ ਅਮਰੀਕੀ ਕੇਂਦਰੀ ਖੁਫੀਆ ਏਜੰਸੀ (ਸੀ. ਆਈ. ਏ.) ਦੇ ਸੀਨੀਅਰ ਅਧਿਕਾਰੀਆਂ ਵਿਚਕਾਰ ਕਈ ਗੁਪਤ ਮੀਟਿੰਗਾਂ ਤੋਂ ਬਾਅਦ ਕੀਤੀ ਗਈ ਹੈ। ਹੈਰਾਨੀ ਦੀ ਗੱਲ ਹੈ ਕਿ ਇਹ ਉਹੀ ਪਾਕਿਸਤਾਨ ਹੈ ਜੋ ਇਜ਼ਰਾਈਲ ਨੂੰ ਇਕ ਦੇਸ਼ ਵਜੋਂ ਮਾਨਤਾ ਨਹੀਂ ਦਿੰਦਾ, ਫਿਰ ਵੀ ਜਨਰਲ ਮੁਨੀਰ ਨੇ ਮੋਸਾਦ ਦੇ ਅਧਿਕਾਰੀਆਂ ਨਾਲ ਮੁਲਾਕਾਤ ਕੀਤੀ ਅਤੇ ਪਾਕਿਸਤਾਨੀ ਫੌਜ ਗਾਜ਼ਾ ਵਿਚ ਮੋਸਾਦ-ਸੀ. ਆਈ. ਏ. ਦੀ ਨਿਗਰਾਨੀ ਹੇਠ ਕੰਮ ਕਰੇਗੀ।

ਖ਼ਾਲਸਾ ਯੂਨੀਵਰਸਿਟੀ ਦੇ ਸਕੂਲ ਆਫ਼ ਲਾਅ ਵਲੋਂ ਕਰਵਾਈ ਕਾਨਫਰੰਸ ਮੌਕੇ ਡਾ. ਜਸਪਾਲ ਸਿੰਘ, ਬਾਰਬਰਾ ਮਿੱਲਜ਼, ਸੁਵੀਰ ਸਿੱਧੂ, ਪੀਰਨ ਢਿੱਲੋਂ ਸਟਾਰਕਿੰਗਜ਼, ਗੁਰਪ੍ਰੀਤ ਸਿੰਘ ਪਨੇਸਰ, ਅਜਮੇਰ ਸਿੰਘ ਹੇਰ ਤੇ ਹੋਰ। ਤਸਵੀਰ : ਨਿਰਮਲ ਸਟੂਡੀਓ

# ਖ਼ਾਲਸਾ 'ਵਰਸਿਟੀ ਦੇ ਸਕੂਲ ਆਫ਼ ਲਾਅ ਵਲੋਂ ਬਾਰ ਕੌਂਸਲ ਆਫ਼ ਇੰਗਲੈਂਡ ਐਂਡ ਵੇਲਜ਼ ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਕਾਨੂੰਨੀ ਕਾਨਫਰੰਸ ਕਰਵਾਈ

ਅੰਮ੍ਰਿਤਸਰ, 28 ਅਕਤੂਬਰ (ਜਸਵੰਤ ਸਿੰਘ ਜੱਸ)-ਖ਼ਾਲਸਾ ਯੂਨੀਵਰਸਿਟੀ ਦੇ ਸਕੂਲ ਆਫ਼ ਲਾਅ ਵਲੋਂ ਬਾਰ ਕੌਂਸਲ ਆਫ਼ ਇੰਗਲੈਂਡ ਐਂਡ ਵੇਲਜ਼ ਦੇ ਸਹਿਯੋਗ ਨਾਲ 'ਗਲੋਬਲ ਲੀਗਲ ਐਥਿਕਸ: ਯੂ.ਕੇ. ਪਰਸਪੈਕਟਿਵਜ਼' ਵਿਸ਼ੇ 'ਤੇ ਅੰਤਰਰਾਸ਼ਟਰੀ ਕਾਨੂੰਨੀ ਕਾਨਫਰੰਸ ਕਰਵਾਈ ਗਈ। 'ਵਰਸਿਟੀ ਦੇ ਕਾਨੂੰਨੀ ਵਿਗਿਆਨ ਦੇ ਡੀਨ ਪ੍ਰੋ. (ਡਾ.) ਜਸਪਾਲ ਸਿੰਘ ਦੀ ਅਗਵਾਈ ਹੇਠ ਹੋਈ ਉਕਤ ਕਾਨਫਰੰਸ 'ਚ ਮੁੱਖ ਮਹਿਮਾਨ ਵਜੋਂ ਕਿੰਗਜ਼ ਕੌਂਸਲ ਅਤੇ ਬਾਰ ਕੌਂਸਲ ਆਫ਼ ਇੰਗਲੈਂਡ ਐਂਡ ਵੇਲਜ਼ ਦੀ ਚੇਅਰਪਰਸਨ ਬਾਰਬਰਾ ਮਿੱਲਜ਼ ਅਤੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਬਾਰ ਕੌਂਸਲ ਆਫ਼ ਇੰਡੀਆ ਦੇ ਮੈਂਬਰ ਸੁਵੀਰ ਸਿੱਧੂ, ਬਾਰ ਕੌਂਸਲ ਆਫ਼ ਇੰਗਲੈਂਡ ਦੀ ਸਲਾਹਕਾਰ ਪੀਰਨ ਢਿੱਲੋਂ ਸਟਾਰਕਿੰਗਜ਼ ਅਤੇ ਅੰਮ੍ਰਿਤਸਰ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਪਨੇਸਰ ਨੇ ਸ਼ਿਰਕਤ ਕੀਤੀ। ਕਾਨਫਰੰਸ ਦੀ ਸ਼ੁਰੂਆਤ 'ਚ ਕਾਲਜ ਵਿਦਿਆਰਥੀਆਂ ਦੁਆਰਾ ਸ਼ਬਦ ਗਾਇਨ ਕਰਨ ਉਪਰੰਤ 'ਵਰਸਿਟੀ ਦੇ ਕਾਨੂੰਨੀ ਵਿਗਿਆਨ ਦੇ ਡੀਨ ਪ੍ਰੋ. (ਡਾ.) ਜਸਪਾਲ ਸਿੰਘ ਵਲੋਂ ਆਏ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਸ੍ਰੀ ਸਿੱਧੂ ਨੇ ਵਿਸ਼ੇ ਨਾਲ ਸੰਬੰਧਿਤ ਜਾਣਕਾਰੀ ਅਤੇ ਆਏ ਵਫ਼ਦ ਬਾਰੇ ਜਾਣ-ਪਛਾਣ ਕਰਵਾਉਂਦਿਆਂ ਕਿਹਾ ਕਿ ਸਮਾਜਿਕ ਵਿਸ਼ਵਾਸ ਨੂੰ ਬਣਾਈ ਰੱਖਣ ਅਤੇ ਨਿਆਂ ਦੀ ਪ੍ਰਾਪਤੀ ਲਈ ਕਾਨੂੰਨੀ ਨੈਤਿਕਤਾ ਅਤੇ ਪੇਸ਼ੇਵਰ ਜ਼ਿੰਮੇਵਾਰੀ ਪ੍ਰਤੀ ਦ੍ਰਿੜ ਵਚਨਬੱਧਤਾ ਜ਼ਰੂਰੀ ਹੈ। ਮੁੱਖ ਬੁਲਾਰੇ ਬਾਰਬਰਾ ਮਿੱਲਜ਼ ਨੇ ਕਿਹਾ ਕਿ ਇਕ ਸੁਤੰਤਰ ਬਾਰ ਆਪਣੇ ਗ੍ਰਾਹਕਾਂ ਦੇ ਕਾਰਨਾਂ ਤੋਂ ਬੌਧਿਕ ਨਿਰਲੇਪਤਾ 'ਤੇ ਕੇਂਦ੍ਰਿਤ ਕਰਦੀ ਹੈ ਅਤੇ ਰਾਜਨੀਤਿਕ ਜਾਂ ਹੋਰ ਬਾਹਰੀ ਏਜੰਡਿਆਂ ਤੋਂ ਪ੍ਰਭਾਵਿਤ ਨਹੀਂ ਹੁੰਦੀ। ਡਾ. ਜਸਪਾਲ ਸਿੰਘ ਨੇ ਦੱਸਿਆ ਕਿ ਕਾਨਫਰੰਸ ਦੇ ਵਿਸ਼ੇਸ਼ ਪੈਨਲਿਸਟਾਂ 'ਚ ਸ੍ਰੀਮਤੀ ਢਿੱਲੋਂ ਅਤੇ ਸ: ਪਨੇਸਰ ਨੇ ਆਪਣੇ ਵਿਚਾਰ ਹਾਜ਼ਰੀਨ ਨਾਲ ਸਾਂਝੇ ਕੀਤੇ। ਕਾਨਫਰੰਸ ਮੌਕੇ ਸ੍ਰੀਮਤੀ ਪੀਰਨ ਨੇ ਮੌਜੂਦਾ ਸਮੇਂ 'ਚ ਸਰਹੱਦ ਪਾਰ ਕਾਨੂੰਨੀ ਸਿੱਖਿਆ ਦੀ ਮਹੱਤਤਾ 'ਤੇ ਚਾਨਣਾ ਪਾਇਆ, ਜਦੋਂ ਕਿ ਸ: ਪਨੇਸਰ ਨੇ ਕਾਨੂੰਨੀ ਪੇਸ਼ੇ 'ਚ ਨੈਤਿਕਤਾ ਦੇ ਭਾਰਤੀ ਦ੍ਰਿਸ਼ਟੀਕੋਣ 'ਤੇ ਧਿਆਨ ਕੇਂਦਰਿਤ ਕੀਤਾ। ਪ੍ਰਧਾਨਗੀ ਭਾਸ਼ਣ 'ਵਰਸਿਟੀ ਦੇ ਅਕਾਦਮਿਕ ਮਾਮਲੇ ਡੀਨ ਡਾ. ਸੁਰਿੰਦਰ ਕੌਰ ਵਲੋਂ ਦਿੱਤਾ ਗਿਆ, ਜਦਕਿ ਸੰਚਾਲਕ ਵਜੋਂ ਐਡਵੋਕੇਟ ਰਮਿੰਦਰ ਕੌਰ ਨੇ ਵਿਦਿਆਰਥੀਆਂ ਨਾਲ ਇੰਟਰਐਕਟਿਵ ਸੈਸ਼ਨ ਦੀ ਅਗਵਾਈ ਕੀਤੀ। ਸਕੂਲ ਆਫ਼ ਲਾਅ ਦੀ ਮੁਖੀ ਡਾ. ਗੁਨੀਸ਼ਾ ਸਲੂਜਾ ਨੇ ਧੰਨਵਾਦ ਕੀਤਾ। ਇਸ ਕਾਨਫਰੰਸ 'ਚ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਜੁਆਇੰਟ ਸਕੱਤਰ ਅਜਮੇਰ ਸਿੰਘ ਹੇਰ, ਮੈਂਬਰ ਸਰਬਜੀਤ ਸਿੰਘ ਹੁਸ਼ਿਆਰ ਨਗਰ ਤੋਂ ਇਲਾਵਾ ਫੈਕਲਟੀ ਮੈਂਬਰ